ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਕੈਬਨਿਟ ਮੰਤਰੀ ਸੋਨੀ ਵਲੋਂ 300 ਪਰਿਵਾਰਾਂ ਨੂੰ ਸੁੱਕਾ ਰਾਸ਼ਨ ਅਤੇ 400 ਪਰਿਵਾਰਾਂ ਨੂੰ ਭੇਜਿਆ ਲੰਗਰ**

**ਪੰਜਾਬ ਸਰਕਾਰ ਵੱਲੋਂ ਲੋੜਵੰਦ ਲੋਕਾਂ ਨੂੰ ਦਿੱਤਾ ਜਾ ਰਿਹੈ ਰਾਸ਼ਨ**

ਅੰਮ੍ਰਿਤਸਰ, 15 ਅਪਰੈਲ ( )-

ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ. ਪੀ. ਸੋਨੀ ਨੇ ਕਰਫਿਊ ਦੌਰਾਨ ਆਮ ਲੋਕਾਂ ਨੂੰ ਘਰਾਂ ਵਿਚ ਰਹਿਣ ਦੀ ਅਪੀਲ ਕਰਦੇ ਕਿਹਾ ਹੈ ਕਿ ਤੁਹਾਡਾ ਘਰਾਂ ਵਿਚ ਰਹਿਣਾ ਤੁਹਾਡੇ ਅਤੇ ਤੁਹਾਡੇ ਪਰਿਵਾਰ ਦੀ ਸੁਰੱਖਿਆ ਲਈ ਬਹੁਤ ਜ਼ਰੂਰੀ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਲਾਕਡਾਉਨ ਦੀ ਮਿਆਦ ਵਧਾ ਦਿੱਤੀ ਗਈ ਹੈ। ਉਨਾਂ ਦੱਸਿਆ ਕਿ ਜ਼ਿਲਾ ਅਧਿਕਾਰੀ ਕਰਫ਼ਿਊ ਦੌਰਾਨ ਆਮ ਲੋਕਾਂ ਨੂੰ ਕਿਸੇ ਵੀ ਤਰਾਂ ਦੀ ਕੋਈ ਮੁਸ਼ਕਿਲ ਨਹੀਂ ਆਉਣ ਦੇ ਰਹੇ ਅਤੇ ਸਮੁੱਚਾ ਜ਼ਿਲਾ ਪ੍ਰਸ਼ਾਸਨ ਉਨਾਂ ਦੀ ਸਿਹਤ ਸੁਰੱਖਿਆ ਅਤੇ ਆਮ ਲੋੜਾਂ ਨੂੰ ਪੂਰਾ ਕਰਨ ਲਈ ਪੱਬਾਂ ਭਾਰ ਹੈ।

ਸ੍ਰੀ ਸੋਨੀ ਨੇ ਅੱਜ ਆਪਣੇ ਨਿਵਾਸ ਸਥਾਨ ਤੋਂ ਅੰਮ੍ਰਿਤਸਰ ਕੇਂਦਰੀ ਹਲਕੇ ਲਈ ਪੰਜਾਬ ਸਰਕਾਰ ਦੀ ਤਰਫੋਂ 300 ਪਰਿਵਾਰਾਂ ਨੂੰ ਸੁੱਕਾ ਰਾਸ਼ਨ ਅਤੇ 400 ਪਰਿਵਾਰਾਂ ਨੂੰ ਮਾਤਾ ਲਾਲ ਦੇਵੀ ਮੰਦਿਰ ਦੇ ਸਹਿਯੋਗ ਨਾਲ ਲੰਗਰ ਤਿਆਰ ਕਰਕੇ ਭੇਜਿਆ। ਉਨਾਂ ਕਿਹਾ ਕਿ ਜਿਲਾ ਪ੍ਰਸਾਸਨ ਦੇ ਨਾਲ ਨਾਲ ਸਮਾਜ ਸੇਵੀ ਸੰਗਠਨ ਵੀ ਸਰਕਾਰ ਦੇ ਨਾਲ ਮੋਢੇ ਨਾਲ ਮੋਂਢਾ ਜੋੜ ਕੇ ਲੋੜਵੰਦਾਂ ਦੀ ਸਹਾਇਤਾ ਕਰ ਰਹੇ ਹਨ। ਉਨਾਂ ਕਿਹਾ ਕਿ ਉਨਾਂ ਵਲੋਂ ਰੋਜ਼ਾਨਾ ਹੀ ਲੋੜਵੰਦਾ ਦੀ ਸਹਾਇਤਾ ਲਈ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ ਅਤੇ ਲੋਕਾਂ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।

ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਅਤੇ ਜ਼ਿਲਾ ਪ੍ਰਸ਼ਾਸਨ ਵੱਲੋਂ ਲਾਈਆਂ ਪਾਬੰਦੀਆਂ ਦੀ ਪੂਰੀ ਤਰਾਂ ਪਾਲਣਾ ਕਰਨ ਅਤੇ ਆਪਣੇ ਆਪ ਨੂੰ ਕੋਰੋਨਾ ਵਾਇਰਸ ਦੀ ਲਾਗ ਤੋਂ ਬਚਾਉਣ। ਉਨਾਂ ਕਿਹਾ ਕਿ ਘੱਟੋ-ਘੱਟ ਦੋ ਮੀਟਰ ਦੀ ਦੂਰੀ ਬਣਾਈ ਰੱਖਣ ਤਾਂ ਜੋ ਬਿਮਾਰੀ ਤੋਂ ਬਚਿਆ ਜਾ ਸਕੇ।

ਇਸ ਮੌਕੇ ਉਨਾਂ ਨਾਲ ਕੌਂਸਲਰ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ, ਸ੍ਰੀ ਸ਼ਾਮ ਸੋਨੀ ਅਤੇ ਰਮਨ ਵਿਰਕ ਵੀ ਹਾਜ਼ਰ ਸਨ।

ਕੈਪਸ਼ਨ : -- ਅੰਮ੍ਰਿਤਸਰ ਕੇਂਦਰੀ ਹਲਕੇ ਦੇ ਲੋਕਾਂ ਲਈ ਸੁੱਕਾ ਰਾਸ਼ਨ ਅਤੇ ਲੰਗਰ ਦੇ ਟਰੱਕ ਰਵਾਨਾ ਕਰਨ ਮੌਕੇ ਸ੍ਰੀ ਓ ਪੀ ਸੋਨੀ। ਨਾਲ ਹਨ ਸ੍ਰੀ ਵਿਕਾਸ ਸੋਨੀ

============

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਨਹਿਰੂ ਯੁਵਾ ਕੇਂਦਰ ਦੇ ਵਲੰਟੀਅਰ ਕੋਵਿਡ 19 ਖਿਲਾਫ ਚਲਾ ਰਹੇ ਹਨ ਜਾਗਰੂਕਤਾ ਮੁਹਿੰਮ**

**ਪਿੰਡਾਂ ਦੇ ਨਾਲ-ਨਾਲ ਸੋਸ਼ਲ ਮੀਡੀਏ ਜ਼ਰੀਏ ਕਰ ਰਹੇ ਹਨ ਕੰਮ**

ਅੰਮ੍ਰਿਤਸਰ, 15 ਅਪ੍ਰੈਲ ( )-

ਨੋਵਲ ਕੋਰੋਨਾ ਵਾਇਰਸ (ਕੋਵਿਡ-19) ਨੂੰ ਫੈਲਣ ਤੋਂ ਰੋਕਣ ਲਈ ਨਹਿਰੂ ਯੁਵਾ ਕੇਂਦਰ ਨਾਲ ਸਬੰਧਤ ਜ਼ਿਲੇ ਦੀਆਂ ਯੂਥ ਕਲੱਬਾਂ ਜਿੱਥੇ ਕੋਰੋਨਾ ਵਿਰੁੱਧ ਪਿੰਡਾਂ ਵਿਚ ਨਾਕੇ ਲਗਾ ਕੇ ਬਾਹਰੋਂ ਆਉਣ ਵਾਲੇ ਲੋਕਾਂ ਨੂੰ ਰੋਕ ਰਹੀਆਂ ਹਨ, ਉਥੇ ਸਾਵਧਾਨੀ ਵਾਲੀ ਜੰਗ ਲੜਨ ਦਾ ਸੁਨੇਹਾ ਸੋਸ਼ਲ ਮੀਡੀਆ ਜ਼ਰੀਏ ਘਰ-ਘਰ ਪਹੁੰਚਾਉਣ ਦਾ ਕੰਮ ਕਰ ਰਹੀਆਂ ਹਨ। ਜਿਲਾ ਯੂਥ ਕੁਆਰਡੀਨੇਟਰ ਅੰਕਾਸ਼ਾ ਮਹਾਂਵੇਰੀਆ ਨੇ ਦੱਸਿਆ ਕਿ ਸਾਰੇ ਨੌਜਵਾਨ ਵੱਲੋਂ ਨਿਭਾਏ ਜਾ ਰਹੇ ਅਹਿਮ ਰੋਲ ਦੀ ਪ੍ਰਸ਼ੰਸਾ ਕਰਦਿਆ ਕਿਹਾ ਕਿ ਹੁਣ ਹਾੜੀ ਦਾ ਸੀਜ਼ਨ ਸਾਡੇ ਸਭਨਾਂ ਲਈ ਵੱਡੀ ਚਣੌਤੀ ਹੈ ਅਤੇ ਅਸੀ ਕਿਸਾਨ ਭਰਾਵਾਂ ਦਾ ਹਰ ਪੱਖੋਂ ਸਹਿਯੋਗ ਦੇ ਕੇ ਉਨਾਂ ਨੂੰ ਇਸ ਅਹਿਮ ਮੌਕੇ ਹਰ ਤਰਾਂ ਦੇ ਪਰਹੇਜ਼ ਤੋਂ ਜਾਗਰੂਕ ਕਰਕੇ ਉਨਾਂ ਦਾ ਕੋਰੋਨਾ ਵਾਇਰਸ ਤੋਂ ਬਚਾਅ ਕਰਨਾ ਹੈ।

ਉਨਾਂ ਦੱਸਿਆ ਕਿ ਨੌਜਵਾਨ ਮੈਂਬਰ ਲੋਕਾਂ ਤੱਕ ਰਾਸ਼ਨ ਪਹੁੰਚਾਉਣ , ਘਰਾਂ ਵਿਚ ਮਾਸਕ ਤਿਆਰ ਕਰਨ, ਮਾਸਕ ਦੀ ਵਰਤੋਂ ਜ਼ਰੂਰੀ ਕਿਉਂ, ਵਾਇਰਸ ਦੇ ਖਾਤਮੇ ਲਈ ਰਸਾਇਣ ਦਾ ਸਪਰੇਅ ਕਰਨ ਵਰਗੇ ਕੰਮ ਨਾਲ ਲੱਗ ਕੇ ਕਰ ਰਹੇ ਹਨ। ਇਸ ਤੋਂ ਇਲਾਵਾ ਉਨਾਂ ਕਲੱਬਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਬੀਮਾਰੀ ਸਬੰਧੀ ਜਾਣਕਾਰੀ ਲਈ ਆਪਣੇ ਮੋਬਾਈਲ 'ਤੇ ਅਰੋਗਿਆ ਸੈਤੂ ਅਤੇ ਦੀਕਸ਼ਾ ਐਪ ਡਾਊਨਲੋਡ ਕਰਨ ਅਤੇ ਇਸ ਬਾਬਤ ਲੋਕਾਂ ਨੂੰ ਜਾਣੂੰ ਕਰਵਾਉਣ। ਮੈਡਮ ਅੰਕਾਸ਼ਾ ਨੇ ਕਿਹਾ ਕਿ ਜੇਕਰ ਪਿੰਡਾਂ ਵਿਚ ਨੌਜਵਾਨ ਘਰ -ਘਰ ਕੋਰੋਨਾ ਤੋਂ ਬਚਾਅ ਦੀ ਜਾਗਰੂਕਤਾ ਪਹੁੰਚਾ ਦੇਣ ਤਾਂ ਸਾਡੇ ਜਿਲੇ ਦੇ ਲੋਕ ਇਸ ਦੇ ਮਾਰੂ ਪ੍ਰਭਾਵ ਤੋਂ ਅਸਾਨੀ ਨਾਲ ਬਚੇ ਰਹਿ ਸਕਦੇ ਹਨ ਅਤੇ ਇਸ ਬਿਮਾਰੀ ਤੋਂ ਲੜਨ ਲਈ ਇਸ ਦੀ ਜਾਣਕਾਰੀ ਹੋਣਾ ਹੀ ਵੱਡਾ ਬਚਾਅ ਹੈ। ਉਨਾਂ ਮੈਂਬਰਾਂ ਦੀ ਹੌਸ਼ਲਾ ਅਫਜ਼ਾਈ ਕਰਦੇ ਕਿਹਾ ਕਿ ਲੋਕਾਂ ਨੂੰ ਬਿਨਾਂ ਵਜਾ ਘਰਾਂ ਤੋਂ ਨਾ ਨਿਕਲਣ ਲਈ ਸਮਝਾ ਕੇ ਤੁਸੀਂ ਸੁਸਾਇਟੀ ਦਾ ਵੱਡਾ ਕੰਮ ਕਰ ਰਹੇ ਹੋ ਅਤੇ ਇਸ ਨੂੰ ਬਿਮਾਰੀ ਦੇ ਖਾਤਮੇ ਤੱਕ ਜਾਰੀ ਰੱਖੋ।

ਕੈਪਸ਼ਨ

ਨਹਿਰੂ ਯੁਵਾ ਕੇਂਦਰ ਦੇ ਮੈਂਬਰ ਪਿੰਡਾਂ ਵਿਚ ਵੱਖ-ਵੱਖ ਸਮਾਜ ਸੇਵੀ ਕੰਮਾਂ ਵਿਚ ਹਿੱਸਾ ਲੈਂਦੇ ਹੋਏ।

============

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

**ਮਜੀਠਾ ਐਸ ਡੀ ਐਮ ਦਫਤਰ ਨੇ ਸਫਾਈ ਕਰਮਚਾਰੀਆਂ ਨੂੰ ਦਿੱਤਾ ਘਰ ਵਰਤੋਂ ਦਾ ਸਮਾਨ**

ਅੰਮ੍ਰਿਤਸਰ /ਮਜੀਠਾ, 15 ਅਪ੍ਰੈਲ ( )-

ਕੋਵਿਡ 19 ਨੂੰ ਲੈ ਕੇ ਰਾਜ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਵਿਚ ਜਿੱਥੇ ਆਮ ਲੋਕ ਘਰਾਂ ਵਿਚ ਰਹਿਣ ਲਈ ਮਜ਼ਬੂਰ ਹਨ ਉਥੇ ਸਿਹਤ ਵਿਭਾਗ, ਪੁਲਿਸ, ਪ੍ਰਬੰਧਨ ਤੇ ਸਫਾਈ ਵਿਭਾਗ ਲੋਕਾਂ ਦੀਆਂ ਨਿਤ ਵਰਤੋਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਦਿਨ-ਰਾਤ ਇਕ ਕਰ ਰਹੇ ਹਨ। ਸਫਾਈ ਕਰਮਚਾਰੀਆਂ ਦੀ ਡਿਊਟੀ ਇਸ ਮੌਕੇ ਸਭ ਤੋਂ ਅਹਿਮ ਹੋ ਗਈ ਹੈ, ਕਿਉਂਕਿ ਕਰੋਨਾ ਵਾਇਰਸ ਦੇ ਖਾਤਮੇ ਲਈ ਸ਼ਹਿਰ ਦੀ ਸਾਫ-ਸਫਾਈ ਅਹਿਮ ਕਾਰਜ ਹੈ, ਜਿਸ ਨੂੰ ਮਜੀਠਾ ਦੇ ਸਫਾਈ ਕਰਮਚਾਰੀ ਬਾਖੂਬੀ ਨਿਭਾਅ ਰਹੇ ਹਨ। ਐਸ ਡੀ ਐਮ ਸ੍ਰੀਮਤੀ ਅਲਕਾ ਕਾਲੀਆ ਨੇ ਇੰਨਾਂ ਸਫਾਈ ਕਰਮਚਾਰੀਆਂ ਦੀਆਂ ਨਿੱਤ ਵਰਤੋਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਸਾਰੇ 34 ਕਰਮੀਆਂ ਨੂੰ ਘਰ ਵਿਚ ਵਰਤੋਂ ਆਉਣ ਵਾਲੀਆਂ ਵਸਤਾਂ ਦਿੱਤੀਆਂ। ਉਨਾਂ ਕਿਹਾ ਕਿ ਜੰਗ ਦੇ ਮੈਦਾਨ ਵਿਚ ਕੰਮ ਕਰਨ ਵਾਲੇ ਇਹ ਲੋਕ ਸਾਡੀ ਸਿਹਤ ਅਤੇ ਸੁਰੱਖਿਆ ਲਈ ਲਗਾਤਾਰ ਕੰਮ ਕਰ ਰਹੇ ਹਨ ਅਤੇ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਇੰਨਾ ਦੇ ਘਰਾਂ ਦੀਆਂ ਲੋੜਾਂ ਦਾ ਧਿਆਨ ਰੱਖੀਏ। ਸ੍ਰੀਮਤੀ ਕਾਲੀਆ ਨੇ ਭਰੋਸਾ ਦਿੱਤਾ ਕਿ ਜ਼ਿਲਾ ਪ੍ਰਸ਼ਾਸ਼ਨ ਅਤੇ ਸਮੁੱਚਾ ਸ਼ਹਿਰ ਤੁਹਾਡੇ ਨਾਲ ਹੈ ਅਤੇ ਇਸ ਮੌਕੇ ਕੀਤੇ ਗਏ ਕੰਮ ਨੂੰ ਮਜੀਠਾ ਵਾਸੀ ਸਦਾ ਯਾਦ ਰੱਖਣਗੇ।

ਕੈਪਸ਼ਨ:---ਸਫਾਈ ਕਰਮਚਾਰੀਆਂ ਨੂੰ ਘਰ ਵਰਤੋਂ ਲਈ ਸਮਾਨ ਦੇਣ ਮੌਕੇ ਐਸ ਡੀ ਐਮ ਸ੍ਰੀਮਤੀ ਅਲਕਾ ਕਾਲੀਆ।

=======

**ਕਣਕ ਦੀ ਖਰੀਦ ਸਬੰਧੀ ਜਿਲੇ ਵਿਚ ਸਮੁੱਚੀਆਂ ਤਿਆਰੀਆਂ ਮੁਕੰਮਲ-ਡਿਪਟੀ ਕਮਿਸ਼ਨਰ**

**ਪੰਜਾਬ ਦੇ ਸਾਰੇ ਜ਼ਿਲਿਆਂ ਨੂੰ ਲੋੜ ਅਨੁਸਾਰ ਬਾਰਦਾਨਾਂ ਕੀਤਾ ਗਿਆ ਸਪਲਾਈ**

**ਕਣਕ ਦੀ ਬੋਲੀ ਦਾ ਸਮਾ ਸਵੇਰੇ 10.00 ਵਜੇ ਤੋਂ 6.00 ਵਜੇ ਤੱਕ ਕੀਤਾ ਗਿਆ ਨਿਰਧਾਰਤ**

**ਮੰਡੀਆਂ ਵਿਚ ਕਣਕ ਆਉਣ ਨੂੰ ਲੱਗ ਸਕਦੇ ਦੋ ਤੋਂ ਤਿੰਨ ਦਿਨ**

ਅੰਮ੍ਰਿਤਸਰ, 15 ਅਪ੍ਰੈਲ (            )-ਜ਼ਿਲੇ ਵਿਚ ਹਾੜ੍ਹੀ ਸੀਜਨ 2020-21 ਦੀ ਫਸਲ ਕਣਕ ਦੀ ਖਰੀਦ ਲਈ ਸਮੁੱਚੇ ਪ੍ਰਬੰਧ ਕਰ ਲਏ ਗਏ ਹਨ ਅਤੇ ਸਾਡੇ ਸਾਰੇ ਵਿਭਾਗ, ਜਿਸ ਵਿਚ ਮੰਡੀ ਬੋਰਡ, ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਕਿਸਾਨ, ਪੱਲੇਦਾਰ ਅਤੇ ਵੱਖ-ਵੱਖ ਖਰੀਦ ਏਜੰਸੀਆਂ ਇਕ ਟੀਮ ਵਜੋਂ ਸਾਰਾ ਕੰਮ ਨੇਪਰੇ ਚਾੜਨ ਲਈ ਹਰ ਤਰਾਂ ਤਿਆਰ ਹਨ। ਅਨਾਜ ਮੰਡੀ ਭਗਤਾਂਵਾਲਾ ਵਿਖੇ ਉਕਤ ਪ੍ਰਗਟਾਵਾ ਕਰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਕਿਹਾ ਕਿ ਅਸੀਂ ਕਣਕ ਦੀ ਸੁਰੱਖਿਅਤ ਖਰੀਦ ਦੇ ਬੰਦੋਬਸਤ ਕੀਤੇ ਹਨ, ਤਾਂ ਕਿ ਇਸ ਕੰਮ ਵਿਚ ਲੱਗੇ ਹਰੇਕ ਇਨਸਾਨ ਨੂੰ ਵਾਇਰਸ ਦੇ ਖ਼ਤਰੇ ਤੋਂ ਵੀ ਬਚਾਇਆ ਜਾ ਸਕੇ।

ਉਨਾਂ ਦੱਸਿਆ ਕਿ ਇਸ ਸੀਜਨ ਦੌਰਾਨ ਭਾਰਤ ਸਰਕਾਰ ਵੱਲੋਂ ਕਣਕ ਦੀ ਖਰੀਦ ਦੇ ਨਿਸ਼ਚਿਤ ਕੀਤੇ ਗਏ ਘੱਟੋ ਘੱਟ ਸਮਰਥਨ ਮੁੱਲ 1925/- ਰੁਪਏ 'ਤੇ ਸਮੂਹ ਖਰੀਦ ਏਜੰਸੀਆਂ ਸਮੇਤ ਐਫ.ਸੀ.ਆਈ.ਵੱਲੋਂ ਕਣਕ ਦੀ ਖਰੀਦ ਕੀਤੀ ਜਾਵੇਗੀ। ਉਨਾਂ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਅੰਦਾਜੇ ਅਨੁਸਾਰ ਸਾਢੇ 6 ਲੱਖ ਮੀਟਰਕ ਟਨ ਕਣਕ ਮੰਡੀਆਂ ਵਿਚ ਆਉਣ ਦੀ ਆਸ ਹੈ। ਜਿਸ ਦੇ ਮੱਦੇਨਜ਼ਰ ਪਨਗਰੇਨ, ਮਾਰਕਫੈਡ, ਪਨਸਪ, ਵੇਅਰ ਹਾਊਸ ਅਤੇ ਐਫ.ਸੀ.ਆਈ ਨੂੰ ਕਣਕ ਦੀ ਖਰੀਦ ਦੇ ਟੀਚੇ ਨਿਰਧਾਰਤ ਕੀਤੇ ਗਏ ਹਨ।

ਉਨਾਂ ਕਿਹਾ ਕਿ ਇਸ ਤੋਂ ਇਲਾਵਾ ਕੋਵਿਡ-19 ਦੀ ਮਹਾਮਾਰੀ ਦੇ ਮੱਦੇਨਜ਼ਰ ਕਿਸਾਨਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮਕਸਦ ਨਾਲ ਖਰੀਦ ਲਈ 54 ਖਰੀਦ ਕੇਂਦਰ ਅਤੇ 9 ਰਾਈਸ ਮਿਲਾਂ ਨੂੰ ਆਰਜ਼ੀ ਤੌਰ ਉਤੇ ਮੰਡੀਆਂ ਵਜੋਂ ਵਰਤਿਆ ਜਾਵੇਗਾ। ਉਨਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਣਕ ਦੀਆਂ ਬੋਰੀਆਂ ਤੇ ਨੀਲੇ ਰੰਗ ਦਾ ਛਾਪਾ ਨੀਲੇ ਰੰਗ ਦੇ ਧਾਗੇ ਨਾਲ ਸਿਲਾਈ ਕਰਨ ਸਬੰਧੀ ਹਦਾਇਤਾਂ ਜਾਰੀ ਕਰ ਦਿੱਤੀਆ ਗਈਆਂ ਹਨ।

ਸ. ਢਿੱਲੋਂ ਨੇ ਕਿਹਾ ਕਿ ਕੋਵਿਡ 19 ਕਾਰਨ ਪੈਦਾ ਹੋਏ ਹਾਲਾਤਾਂ ਦੇ ਮੱਦੇਨਜਰ ਰਾਜ ਸਰਕਾਰ ਵੱਲੋਂ ਕਣਕ ਦੀ ਖਰੀਦ ਦਾ ਸੀਜਨ 15 ਜੂਨ 2020 ਤੱਕ ਜਾਰੀ ਰਹੇਗਾ। ਉਨਾਂ ਕਿਹਾ ਕਿ ਕਰੋਨਾ ਵਾਇਰਸ ਦੀ ਰੋਕਥਾਮ ਲਈ ਮੰਡੀਆਂ ਵਿੱਚ ਟੋਕਨ ਸਿਸਟਮ ਲਾਗੂ ਕੀਤਾ ਗਿਆ ਹੈ ਤਾਂ ਜੋ ਕਿਸਾਨਾਂ ਵੱਲੋਂ ਮੰਡੀਆਂ ਵਿਚ ਯੋਜਨਾਬੱਧ ਤਰੀਕੇ ਰਾਹੀਂ ਕਣਕ ਲਿਆਂਦੀ ਜਾ ਸਕੇ। ਇਸ ਤੋਂ ਇਲਾਵਾ ਪੰਜਾਬ ਮੰਡੀ ਬੋਰਡ ਵੱਲੋਂ ਰਾਜ ਦੀਆਂ ਮੰਡੀਆਂ ਵਿੱਚ ਸਖਤੀ ਨਾਲ ਸਮਾਜਿਕ ਦੂਰੀ ਬਣਾਏ ਰੱਖਣ ਲਈ ਉਪਰਾਲੇ ਕੀਤੇ ਗਏ ਹਨ, ਜਿਸ ਅਨੁਸਾਰ ਹਰੇਕ ਆਦਮੀ ਨੂੰ ਘੱਟੋ-ਘੱਟ 2 ਮੀਟਰ ਦੀ ਦੂਰੀ ਉਤੇ ਰਹਿਣ ਦੀ ਹਦਾਇਤ ਜਾਰੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਮੰਡੀਆਂ ਵਿਚ ਸੈਨੇਟਾਈਜ਼ਰ ਤੇ ਸਾਬਣ ਆਦਿ ਦਾ ਬੰਦੋਬਸਤ ਹੱਥਾਂ ਦੀ ਸਫਾਈ ਲਈ ਕੀਤਾ ਜਾ ਚੁੱਕਾ ਹੈ। ਉਨਾਂ ਮੰਡੀ ਵਿਚ ਆਉਣ ਵਾਲੀਆਂ ਸਾਰੀਆਂ ਧਿਰਾਂ, ਜਿਸ ਵਿਚ ਮੁੱਖ ਰੂਪ ਵਿਚ ਕਿਸਾਨ, ਆੜ੍ਹਤੀਏ, ਸਰਕਾਰੀ ਤੇ ਨਿੱਜੀ ਕਰਮਚਾਰੀ, ਵਪਾਰੀ, ਮਜ਼ਦੂਰ ਆਦਿ ਸ਼ਾਮਿਲ ਹਨ, ਨੂੰ ਮਾਸਕ ਦੀ ਵਰਤੋਂ ਯਕੀਨੀ ਬਨਾਉਣ ਲਈ ਕਿਹਾ। ਉਨਾ ਕਿਹਾ ਕਿ ਲੇਬਰ/ਢੋਆ ਢੋਆਈ ਦੇ ਠੇਕੇਦਾਰ ਵੱਲੋਂ ਲੇਬਰ ਨੂੰ ਲੋੜੀਂਦੇ ਮਾਸਕ ਮੁਹੱਈਆ ਕਰਵਾਏ ਜਾਣਗੇ। ਖਰੀਦ ਏਜੰਸੀਆਂ/ਮੰਡੀ ਬੋਰਡ ਦੇ ਨੁਮਾਇੰਦਿਆ ਵੱਲੋਂ ਮੰਡੀਆਂ ਵਿੱਚ ਕੰਮ ਰਹੀ ਲੇਬਰ ਤੇ ਧਿਆਨ ਰੱਖਿਆ ਜਾਵੇਗਾ ਕਿ ਕਿਸੇ ਲੇਬਰ ਨੂੰ ਖੰਘ, ਜੁਕਾਮ

ਅਤੇ ਬੁਖਾਰ ਆਦਿ ਨਾ ਹੋਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ, ਡੀ ਐਫ ਐਸ ਸੀ ਲਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ, ਡੀ ਐਮ ਪਨਸਪ ਸ੍ਰੀ ਬਨਦੀਪ ਸਿੰਘ, ਡੀ ਐਮ ਮਾਰਕਫੈਡ ਗੁਰਪ੍ਰੀਤ ਸਿੰਘ, ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਅਮਨਦੀਪ ਸਿੰਘ ਛੀਨਾ ਤੇ ਹੋਰ ਮੋਹਤਬਰ ਵੀ ਹਾਜ਼ਰ ਸਨ।

ਕੈਪਸ਼ਨ:-ਭਗਤਾਂਵਾਲਾ ਮੰਡੀ ਵਿਚ ਕਣਕ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਐਸ ਡੀ ਐਮ-1 ਦਫਤਰ ਅੰਮ੍ਰਿਤਸਰ ਦੇ ਮੁਲਾਜ਼ਮਾਂ ਨੇ ਜੇਬ ਵਿਚੋਂ ਪੈਸੇ ਖਰਚ ਬਿਰਧ ਆਸ਼ਰਮ ਨੂੰ ਭੇਜੀਆਂ ਜ਼ਰੂਰੀ ਵਸਤਾਂ**

ਅੰਮ੍ਰਿਤਸਰ, 15 ਅਪ੍ਰੈਲ ( )-

ਕਰਫਿਊ ਦੇ ਦਿਨਾਂ ਦੌਰਾਨ ਜਿੱਥੇ ਸਰਕਾਰ ਅਤੇ ਗੈਰ ਸਰਕਾਰੀ ਜਥੇਬੰਦੀਆਂ ਲੋੜਵੰਦਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਕੰਮ ਕਰ ਰਹੀਆਂ ਹਨ, ਉਥੇ ਕਈ ਵਿਭਾਗਾਂ ਦੇ ਕਰਮਚਾਰੀ ਜਿੱਥੇ ਇੰਨਾਂ ਲੋਕਾਂ ਲਈ ਦਿਨ-ਰਾਤ ਇਕ ਕਰਕੇ ਕੰਮ ਕਰ ਰਹੇ ਹਨ, ਉਥੇ ਲੋੜ ਵੇਲੇ ਆਪਣੀ ਜੇਬ ਵਿਚੋਂ ਪੈਸੇ ਖਰਚ ਕਰਨ ਤੋਂ ਵੀ ਪਿੱਛੇ ਨਹੀਂ ਹਟਦੇ। ਐਸ ਡੀ ਐਮ ਅੰਮ੍ਰਿਤਸਰ ਇਕ ਸ੍ਰੀ ਵਿਕਾਸ ਹੀਰਾ ਨੇ ਦੱਸਿਆ ਕਿ ਬੀਤੇ ਦਿਨ ਜ਼ਿਲਾ ਕਾਨੂੰਨੀ ਸੇਵਾਵਾਂ ਨੇ ਸਾਡੇ ਧਿਆਨ ਵਿਚ ਦੋ ਬਿਰਧ ਘਰਾਂ ਦੀਆਂ ਲੋੜਾਂ ਲਿਆਂਦੀਆਂ। ਇੰਨਾਂ ਵਿਚ ਬਜ਼ੁਰਗਾਂ ਲਈ ਦਵਾਈਆਂ ਤੋਂ ਇਲਾਵਾ ਸਾਬੁਣ, ਸੈਨੇਟਾਈਜ਼ਰ, ਸੁੱਕਾ ਦੁੱਧ, ਦਾਲਾਂ, ਘਿਉ, ਡਿਟੋਲ, ਸਫਾਈ ਕਰਨ ਲਈ ਜ਼ਰੂਰੀ ਸਾਜੋ-ਸਮਾਨ ਦੀ ਲੋੜ ਦੱਸੀ ਗਈ। ਉਨਾਂ ਦੱਸਿਆ ਕਿ ਸਾਡੇ ਦਫਤਰ ਦੇ ਕਰਮਚਾਰੀਆਂ ਨੇ ਦਵਾਈ ਲਈ ਰੈਡ ਕਰਾਸ ਅੰਮ੍ਰਿਤਸਰ ਤੋਂ ਪ੍ਰਬੰਧ ਕਰਵਾਇਆ ਅਤੇ ਬਾਕੀ ਸਮਾਨ ਲਈ ਦਫਤਰ ਦੇ ਕਰਮਚਾਰੀ ਸ੍ਰੀ ਫੂਲ ਰਾਜ, ਗਗਨਦੀਪ, ਵਿਜੈਪਾਲ, ਰੀਤਿਕਾ, ਅਮਨਦੀਪ ਅਤੇ ਮੋਹਨ ਨੇ ਆਪਣੇ ਕੋਲੋਂ ਇਕੱਠੇ ਕੀਤੇ ਅਤੇ ਬਜ਼ੁਰਗਾਂ ਦੀ ਲੋੜ ਅਨੁਸਾਰ ਗੁਰੂ ਰਾਮ ਦਾਸ ਓਲਡ ਏਜ਼ ਤੇ ਭਾਈ ਘਨਈਆ ਓਲਡ ਏਜ਼ ਹੋਮ ਵਿਚ ਸਾਰਾ ਸਮਾਨ ਪੁੱਜਦਾ ਕੀਤਾ। ਉਨਾਂ ਦੱਸਿਆ ਕਿ ਕਰਮਚਾਰੀਆਂ ਨੇ ਬਜ਼ੁਰਗਾਂ ਨੂੰ ਆਪਣਾ ਫੋਨ ਨੰਬਰ ਦੇ ਕੇ ਇਹ ਵੀ ਕਿਹਾ ਕਿ ਜਦ ਤੱਕ ਇਹ ਕਰਫਿਊ ਲੱਗਾ ਹੈ, ਤੁਸੀਂ ਸਾਨੂੰ ਇਸੇ ਨੰਬਰ ਉਤੇ ਫੋਨ ਕਰਕੇ ਆਪਣੀ ਲੋੜ ਨੋਟ ਕਰਵਾ ਦਿਆ ਕਰੋ ਅਸੀਂ ਇਹ ਸਮਾਨ ਤੁਹਾਡੇ ਤੱਕ ਪੁੱਜਦਾ ਕਰ ਦਿਆਂਗੇ। ਸ੍ਰੀ ਵਿਕਾਸ ਹੀਰਾ ਨੇ ਸਟਾਫ ਵੱਲੋਂ ਕੀਤੇ ਇਸ ਉਦਮ ਲਈ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਨਾਲ ਕੇਵਲ ਮੈਨੂੰ ਹੀ ਨਹੀਂ, ਦਫਤਰ ਦੇ ਹੋਰ ਕਰਮਚਾਰੀਆਂ ਨੂੰ ਵੀ ਲੋੜਵੰਦ ਲਈ ਤਨ, ਮਨ ਤੇ ਧਨ ਨਾਲ ਕੰਮ ਕਰਨ ਦਾ ਬਲ ਮਿਲਿਆ ਹੈ।

ਕੈਪਸ਼ਨ ---

ਬ੍ਰਿਧ ਆਸ਼ਰਮਾਂ ਲਈ ਸਮਾਨ ਇਕੱਠਾ ਕਰਨ ਮੌਕੇ ਐਸ ਡੀ ਐਮ ਅੰਮ੍ਰਿਤਸਰ-1 ਦੇ ਮੁਲਾਜ਼ਮ।

===========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਆਈਟੀਆਈ ਦੇ ਵਿਦਿਆਰਥੀ ਪ੍ਰਸ਼ਾਸਨ ਅਤੇ ਪੰਚਾਇਤਾਂ ਲਈ ਤਿਆਰ ਕਰ ਲੱਗੇ ਮੁਫ਼ਤ ਮਾਸਕ**

ਅੰਮ੍ਰਿਤਸਰ, 15 ਅਪ੍ਰੈਲ (        )-

ਕੋਰੋਨਾ ਵਾਇਰਸ ਵਿਰੁੱਧ ਜੰਗ ਵਿਚ ਆਪਣਾ ਯੋਗਦਾਨ ਪਾਉਂÎ ਦਿਆਂ ਆਈ ਟੀ ਆਈ ਦੇ ਵਿਦਿਆਰਥੀਆਂ ਨੇ ਸਵੈਇੱਛਾ ਨਾਲ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਅਤੇ ਪੰਚਾਇਤਾਂ ਲਈ ਮਾਸਕ ਸਿਲਾਈ ਕਰਨ ਦੀ ਪੇਸ਼ਕਸ਼ ਕੀਤੀ ਹੈ। ਇਹ ਪ੍ਰਗਟਾਵਾ ਕਰਦਿਆਂ ਸ੍ਰੀਮਤੀ ਰਣਜੀਤ ਕੌਰ ਪ੍ਰਿੰਸੀਪਲ ਆਈ ਟੀ ਆਈ ਬੇਰੀ ਗੇਟ ਅਤੇ ਆਈ ਟੀ ਆਈ ਰਈਆ ਨੇ ਦੱਸਿਆ ਕਿ ਤਕਨੀਕੀ ਸਿੱਖਿਆ ਮੰਤਰੀ ਸ੍ਰੀ ਚਰਨਜੀਤ ਸਿੰਘ ਚੰਨੀ ਨੇ ਵਿਭਾਗ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਹੈ ਕਿ ਕੋਰੋਨਾ ਵਾਇਰਸ ਕਾਰਨ ਪੈਦਾ ਹੋਈ ਇਸ ਸੰਕਟਕਾਲੀ  ਸਥਿਤੀ ਵਿੱਚ ਵਿਭਾਗ ਵਲੋਂ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਉਨਾਂ ਦੱਸਿਆ ਕਿ ਉਕਤ ਅਪੀਲ ਉਤੇ ਸਟਾਫ ਅਤੇ ਆਈਟੀਆਈ ਦੇ ਵਿਦਿਆਰਥੀਆਂ ਨੇ ਇਹ ਸੇਵਾ ਸ਼ੁਰੂ ਕਰ ਦਿੱਤੀ ਹੈ ਅਤੇ ਮਾਸਕ ਬਣਾ ਕੇ ਦਿੱਤੇ ਜਾ ਰਹੇ ਹਨ। ਉਨਾਂ ਦੱਸਿਆ ਕਿ ਸਾਡੇ ਬੱਚਿਆਂ ਨੇ ਬੀਤੇ ਦਿਨ 2000 ਮਾਸਕ ਅੰਮ੍ਰਿਤਸਰ ਸ਼ਹਿਰ ਲਈ ਦਿੱਤੇ ਹਨ ਅਤੇ ਹੁਣ ਅੱਗੋਂ ਪੰਚਾਇਤਾਂ ਲਈ ਤਿਆਰ ਕਰ ਰਹੇ ਹਾਂ।

ਉਨਾਂ ਦੱਸਿਆ ਕਿ ਆਈ.ਟੀ.ਆਈਜ਼ ਵਿਚ ਸਿਲਾਈ ਟੈਕਨਾਲੋਜੀ, ਫੈਸ਼ਨ ਟੈਕਨਾਲੋਜੀ ਆਦਿ ਦੇ ਟਰੇਡ ਵਿਚ ਪੜਦੇ ਵਿਦਿਆਰਥੀਆਂ ਨੇ ਸਵੈਇੱਛਾ ਨਾਲ ਜ਼ਿਲਾ ਪ੍ਰਸ਼ਾਸਨ, ਪੁਲਿਸ ਅਤੇ ਸਿਹਤ ਕਰਮਚਾਰੀਆਂ ਲਈ ਮਾਸਕ ਸਿਲਾਈ ਕਰਨੇ ਸ਼ੁਰੂ ਕਰ ਦਿੱਤੇ ਹਨ। ਉਨਾਂ ਦੱਸਿਆ ਕਿ ਕੁਝ ਸਮਾਜ ਸੇਵੀ ਇਨਾਂ ਮਾਸਕਾਂ ਲਈ ਕੱਚਾ ਮਾਲ ਤੇ ਵਿੱਤੀ ਸਹਾਇਤਾ ਵੀ ਦੇ ਰਹੇ ਹਨ। ਇਸ ਤੋਂ ਇਲਾਵਾ ਵਿਦਿਆਰਥੀਆਂ ਅਤੇ ਆਈਟੀਆਈ ਸਟਾਫ ਨੇ ਖੁਦ ਇਸ ਨੇਕ ਕੰਮ ਆਪਣਾ ਯੋਗਦਾਨ ਪਾਇਆ ਹੈ। ਉਨਾਂ ਅੱਗੇ ਕਿਹਾ ਕਿ ਸਾਰੇ ਬੱਚਿਆਂ ਤੇ ਸਟਾਫ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਸਿਹਤ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਉਹ ਵਿਦਿਆਰਥੀਆਂ ਨੂੰ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਸਮੇਂ-ਸਮੇਂ ਤੇ ਹੱਥ ਧੋਣ ਦੀ ਸਲਾਹ ਦਿੰਦੇ ਰਹਿਣ।

======